ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ 25 ਯਾਤਰੀਆਂ ਕੋਰੋਨਾ ਨੂੰ ਹਰਾ ਕੇ ਘਰਾਂ ਨੂੰ ਪਰਤੇ

ਗੁਰੂ ਨਾਨਕ ਦੇਵ ਹਸਪਤਾਲ ਦੇ ਸਟਾਫ ਵੱਲੋਂ ਦਿੱਤੇ ਪਿਆਰ-ਸਤਿਕਾਰ ਦੀ ਕੀਤਾ ਸ਼ੁਕਰੀਆ

ਅੰਮ੍ਰਤਸਰ, 12 ਮਈ ( )-ਸ੍ਰੀ ਹਜ਼ੂਰ ਸਾਹਿਬ, ਨਾਦੇੜ ਤੋਂ ਪਰਤੇ ਸ਼ਰਧਾਲੂ ਜੋ ਕਿ ਕੋਰੋਨਾ ਟੈਸਟ ਵਿਚ ਪਾਜ਼ੀਟਵ ਆਉਣ ਕਾਰਨ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਵਿਚ ਦਾਖਲ ਸਨ, ਵਿਚੋਂ ਅੱਜ 25 ਸ਼ਰਧਾਲੂਆਂ ਨੇ ਕੋਵਿਡ 19 ਨੂੰ ਹਰਾ ਕੇ ਆਪਣੇ ਘਰਾਂ ਨੂੰ ਚਾਲੇ ਪਾ ਲਏ। ਬੋਲੋ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰੇ ਲਗਾਉਂਦੇ ਇਹ ਸ਼ਰਧਾਲੂ ਉਤਸ਼ਾਹ ਨਾਲ ਘਰਾਂ ਨੂੰ ਗਏ, ਜਿਸ ਨਾਲ ਹਸਪਤਾਲ ਵਿਚ ਦਾਖਲ ਦੂਸਰੇ ਮਰੀਜ਼ਾਂ ਵਿਚ ਵੀ ਹੌਸ਼ਲਾ ਪਰਤ ਆਇਆ। ਪਹਿਲੇ ਦਿਨ ਤੋਂ ਹੀ ਇਹ ਸਾਰੇ ਸ਼ਰਧਾਲੂ ਬੜੇ ਚੜਦੀ ਕਲਾ ਵਿਚ ਸਨ ਅਤੇ ਕਿਸੇ ਨੇ ਵੀ ਕੋਵਿਡ ਟੈਸਟ ਵਿਚ ਪਾਜ਼ਿਟਵ ਆਉਣ ਦੀ ਗੱਲ ਮਨ ਨੂੰ ਨਹੀਂ ਸੀ ਲਗਾਈ। ਵਾਹਿਗੁਰੂ ਦੀ ਕ੍ਰਿਪਾ ਨਾਲ ਇਨਾਂ ਦੇ ਲਗਾਤਾਰ ਦੋ ਟੈਸਟ ਨੈਗੇਟਿਵ ਆਉਣ ਕਾਰਨ ਅੱਜ ਇੰਨਾਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਇੰਨਾਂ ਸ਼ਰਧਾਲੂਆਂ ਵਿਚ ਬੱਚੇ, ਜਵਾਨ, ਬੁਜ਼ਰਗ ਅਤੇ ਔਰਤਾਂ ਸ਼ਾਮਿਲ ਹਨ।

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਇਹ ਸਾਰੇ ਸ਼ਰਧਾਲੂ 28 ਅਪ੍ਰੈਲ ਨੂੰ ਨਾਦੇੜ ਤੋਂ ਆਏ ਸਨ ਅਤੇ ਇੰਨਾਂ ਨੂੰ ਵੱਖ-ਵੱਖ ਥਾਵਾਂ ਉਤੇ ਇਕਾਂਤਵਾਸ ਕੀਤਾ ਗਿਆ ਸੀ। ਫਿਰ ਟੈਸਟ ਲੈਣ ਮਗਰੋਂ ਜਿੰਨਾ ਸ਼ਰਧਾਲੂਆਂ ਦੇ ਟੈਸਟ ਪਾਜ਼ਿਟਵ ਆਏ ਸਨ, ਉਨਾਂ ਨੂੰ ਗੁਰੂ ਨਾਨਕ ਦੇਵ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਸੀ। ਉਨਾਂ ਦੱਸਿਆ ਕਿ ਇਹ ਸਾਰੇ ਪਹਿਲੇ ਦਿਨ ਤੋਂ ਹੀ ਸਰੀਰਕ ਤੌਰ ਉਤੇ ਤੰਦਰੁਸਤ ਸਨ ਅਤੇ ਟੈਸਟ ਪਾਜ਼ਿਟਵ ਆਉਣ ਮਗਰੋਂ ਵੀ ਕੋਈ ਸ਼ਰਧਾਲੂ ਮਾਨਸਿਕ ਤੌਰ ਉਤੇ ਕਮਜ਼ੋਰ ਨਹੀਂ ਹੋਇਆ। ਸਾਰਿਆਂ ਨੇ ਵਾਹਿਗੁਰੂ ਉਤੇ ਭਰੋਸਾ ਰੱਖਿਆ ਅਤੇ ਹਸਪਤਾਲ ਸਟਾਫ ਵੱਲੋਂ ਇਨਾਂ ਦੀ ਹਰ ਸੰਭਵ ਸਹਾਇਤਾ ਤੇ ਸੇਵਾ ਕੀਤੀ ਗਈ। ਲਗਭਗ 12 ਦਿਨਾਂ ਵਿਚ ਹੀ ਇਹ ਸਾਰਿਆਂ ਦੇ ਦੋ ਟੈਸਟ ਨੈਗਟਿਵ ਆਉਣ ਕਾਰਨ ਅੱਜ ਇਨਾਂ ਵਿਚੋਂ 25 ਸ਼ਰਧਾਲੂ ਘਰਾਂ ਨੂੰ ਭੇਜ ਦਿੱਤੇ ਗਿਆ ਹੈ। ਉਨਾਂ ਹਸਪਤਾਲ ਸਟਾਫ ਵੱਲੋਂ ਦਿੱਤੀਆਂ ਸੇਵਾਵਾਂ ਲਈ ਸਾਰਿਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਘਰ ਜਾਣ ਦੀ ਖੁਸ਼ੀ ਵਿਚ ਖੀਵੇ ਹੋਏ ਸ਼ਰਧਾਲੂਆਂ ਨੇ ਹਸਪਤਾਲ ਦੇ ਸਟਾਫ ਜਿਸ ਵਿਚ ਨਰਸਿੰਗ ਤੇ ਹੋਰ ਪੈਰਾ ਮੈਡੀਕਲ ਸਟਾਫ ਸ਼ਾਮਿਲ ਸੀ, ਦੀ ਰੱਜਵੀਂ ਤਾਰੀਫ ਕਰਦੇ ਕਿਹਾ ਕਿ ਇੰਨਾਂ ਨੇ ਸਾਡੀ ਹਰ ਜ਼ਰੂਰਤ ਦਾ ਖਿਆਲ ਰੱਖਿਆ। ਖਾਣ ਨੂੰ ਵੀ ਚੰਗਾ ਭੋਜਨ ਮਿਲਦਾ ਰਿਹਾ ਅਤੇ ਬੱਚਿਆਂ ਦੀਆਂ ਸਾਰੀਆਂ ਨਿੱਜੀ ਲੋੜਾਂ ਦੀ ਵੀ ਪੂਰਤੀ ਕਰਦੇ ਰਹੇ। ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿਘ ਦਾ ਵੀ ਧੰਨਵਾਦ ਕੀਤਾ, ਸ਼ਰਧਾਲੂਆਂ ਨੇ ਕਿਹਾ ਕਿ ਮੁੱਖ ਮੰਤਰੀ ਦੀਆਂ ਕੋਸ਼ਿਸ਼ਾਂ ਸਦਕਾ ਹੀ ਅਸੀਂ ਮਹਾਰਾਸ਼ਟਰ ਤੋਂ ਪੰਜਾਬ ਆ ਸਕੇ ਅਤੇ ਫਿਰ ਉਨਾਂ ਦੇ ਯਤਨਾਂ ਨਾਲ ਸਾਡਾ ਇਲਾਜ ਵੀ ਸੰਭਵ ਹੋ ਸਕਿਆ ਹੈ। ਉਨਾਂ ਸਾਰੇ ਸਟਾਫ ਦਾ ਧੰਨਵਾਦ ਕਰਦੇ ਹੋਏ ਹਸਪਤਾਲ ਤੋਂ ਵਿਦਾ ਲਈ।

ਇਸ ਮੌਕੇ ਡਾਕਟਰੀ ਸਿੱਖਿਆ ਅਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਵੀ ਸ਼ਰਧਾਲੂਆਂ ਨੂੰ ਫੋਨ ਉਤੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਸੁਜਾਤਾ

ਸ਼ਰਮਾ, ਮੈਡੀਕਲ ਸੁਪਰਡੈਂਟ ਡਾ. ਰਮਨ ਸ਼ਰਮਾ, ਤਹਿਸੀਲਦਾਰ ਮਨਜੀਤ ਸਿੰਘ, ਡਾਕਟਰ ਨਰਿੰਦਰ ਸਿੰਘ, ਡਾ. ਹਰਜੀਤ ਸਿੰਘ ਅਤੇ ਹੋਰ ਸਟਾਫ ਹਾਜ਼ਰ ਸੀ।

-ਕੈਪਸ਼ਨ

-ਗੁਰੂ ਨਾਨਕ ਦੇਵ ਹਸਪਤਾਲ ਤੋਂ ਘਰ ਨੂੰ ਰਵਾਨਾ ਹੋਣ ਮੌਕੇ ਸ਼ਰਧਾਲੂ।

======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਸਿੱਖ ਪ੍ਰਚਾਰਕਾਂ ਅਤੇ ਪਾਠੀ ਸਿੰਘਾਂ ਦੀ ਸਰਬੱਤ ਦਾ ਭਲਾ ਟਰੱਸਟ ਨੇ ਲਈ ਸਾਰ

ਰਈਆ 'ਚ 15 ਪਰਿਵਾਰਾਂ ਨੂੰ ਇੱਕ-ਇੱਕ ਮਹੀਨੇ ਦਾ ਦਿੱਤਾ ਸੁੱਕਾ ਰਾਸ਼ਨ

ਕਰੋਨਾ ਮਹਾਂਮਾਰੀ ਖਤਮ ਹੋਣ ਤੱਕ ਜਾਰੀ ਰਹਿਣਗੇ ਸਾਰੇ ਸੇਵਾ ਕਾਰਜ : ਹੇਰ, ਸਿੱਧੂ

ਸਮੁੱਚੀ ਪੰਜਾਬੀਅਤ ਲਈ ਵੱਡਾ ਮਾਣ ਹਨ ਡਾ.ਓਬਰਾਏ : ਭਾਈ ਸੁਖਦੇਵ ਸਿੰਘ

ਰਈਆ/ਅੰਮ੍ਰਿਤਸਰ, 12 ਮਈ ( )- ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫ਼ੇ ਕਿਰਤ ਕਰੋ ਤੇ ਵੰਡ ਛਕੋ ਨੂੰ ਸਹੀ ਅਰਥਾਂ 'ਚ ਆਪਣੀ ਜ਼ਿੰਦਗੀ ਵਿਚ ਲਾਗੂ ਕਰਕੇ ਪੂਰੀ ਦੁਨੀਆਂ ਅੰਦਰ ਇੱਕ ਜ਼ਿਕਰਯੋਗ ਮਿਸਾਲ ਬਣ ਉੱਭਰੇ ਦੁਬਈ ਦੇ ਉੱਘੇ ਸਿੱਖ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਟਰੱਸਟ ਦੇ ਬਾਨੀ ਡਾ.ਐੱਸ.ਪੀ.ਸਿੰਘ ਓਬਰਾਏ ਵੱਲੋਂ ਕਰੋਨਾ ਮਹਾਂਮਾਰੀ ਦੌਰਾਨ ਪ੍ਰਭਾਵਤ ਹੋਏ ਲੋੜਵੰਦ ਪਰਿਵਾਰਾਂ ਨੂੰ ਸੁੱਕਾ ਰਾਸ਼ਨ ਵੰਡਣ ਦੀ ਵਿੱਢੀ ਗਈ ਮੁਹਿੰਮ ਦੇ ਦੂਜੇ ਪੜਾਅ ਤਹਿਤ ਅੱਜ ਕਸਬਾ ਰਈਆ ਦੇ ਆਸ-ਪਾਸ ਦੇ ਪਿੰਡਾਂ ਦੇ ਬੇਰੁਜ਼ਗਾਰ ਹੋਏ 15 ਸਿੱਖ ਪ੍ਰਚਾਰਕਾਂ ਤੇ ਪਾਠੀ ਸਿੰਘਾਂ ਦੇ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਗਈਆਂ।

ਰਾਸ਼ਨ ਵੰਡਣ ਪਹੁੰਚੇ ਟਰੱਸਟ ਦੇ ਮਾਝਾ ਜੋਨ ਦੇ ਸਲਾਹਕਾਰ ਸੁਖਦੀਪ ਸਿੱਧੂ,ਜ਼ਿਲਾ ਪ੍ਰਧਾਨ ਸੁਖਜਿੰਦਰ ਸਿੰਘ ਹੇਰ,ਮੀਤ ਪ੍ਰਧਾਨ ਸ਼ਿਸ਼ਪਾਲ ਸਿੰਘ ਲਾਡੀ ਆਦਿ ਨੇ ਦੱਸਿਆ ਕਿ ਡਾ.ਓਬਰਾਏ ਦੀ ਯੋਗ ਸਰਪ੍ਰਸਤੀ ਹੇਠ ਅੰਮ੍ਰਿਤਸਰ ਜ਼ਿਲੇ ਅੰਦਰ ਦੂਜੇ ਪੜਾਅ ਤਹਿਤ ਸੁੱਕਾ ਰਾਸ਼ਨ ਵੰਡਣ ਦੀ ਕੀਤੀ ਗਈ ਸ਼ੁਰੂਆਤ ਅਧੀਨ ਅੱਜ ਕਸਬਾ ਰਈਆ ਵਿਖੇ ਦੇਸ਼ 'ਚ ਚੱਲ ਰਹੇ ਸੰਕਟਮਈ ਮਹੌਲ ਕਾਰਨ ਵੱਖ-ਵੱਖ ਗੁਰੂ ਘਰਾਂ ਜਾਂ ਘਰਾਂ 'ਚ ਚੱਲਣ ਵਾਲੇ ਸ੍ਰੀ ਅਖੰਡ ਪਾਠ ਸਾਹਿਬ ਜੀ ਅਤੇ ਧਾਰਮਿਕ ਸਮਾਗਮਾਂ ਦੌਰਾਨ ਸਿੱਖ ਧਰਮ ਦਾ ਪ੍ਰਚਾਰ ਆਦਿ ਬੰਦ ਹੋਣ ਕਾਰਨ ਰੋਜ਼ੀ-ਰੋਟੀ ਪਰੇਸ਼ਾਨ ਹੋਏ 15 ਸਿੱਖ ਪ੍ਰਚਾਰਕਾਂ ਤੇ ਪਾਠੀ ਸਿੰਘਾਂ ਦੇ ਪਰਿਵਾਰਾਂ ਨੂੰ ਇੱਕ-ਇੱਕ ਮਹੀਨੇ ਦਾ ਰਾਸ਼ਨ ਦੇ ਕੇ ਉਨਾਂ ਦੀ ਮਦਦ ਕੀਤੀ ਗਈ ਹੈ। ਉਨਾਂ ਇਹ ਵੀ ਦੱਸਿਆ ਕਿ ਅਜੋਕੇ ਮਾਹੌਲ ਦੇ ਚੱਲਦਿਆਂ ਅਜਿਹੇ ਬਹੁਤ ਸਾਰੇ ਮੱਧਵਰਤੀ ਪਰਿਵਾਰ ਵੀ ਟਰੱਸਟ ਦੇ ਧਿਆਨ 'ਚ ਆ ਰਹੇ ਹਨ ਜੋ ਮਜ਼ਬੂਰ ਹੋਣ ਦੇ ਬਾਵਜੂਦ ਵੀ ਕਿਸੇ ਕੋਲੋਂ ਮਦਦ ਲੈਣ ਲਈ ਝਿਜਕ ਰਹੇ ਹਨ। ਉਨਾਂ ਦੱਸਿਆ ਕਿ ਡਾ.ਐੱਸ.ਪੀ. ਸਿੰਘ ਓਬਰਾਏ ਵੱਲੋਂ ਰਾਸ਼ਨ ਵੰਡਣ ਦੇ ਦੂਜੇ ਪੜਾਅ ਦੌਰਾਨ ਅਜਿਹੇ ਪਰਿਵਾਰਾਂ ਵੱਲ ਵੀ ਵਿਸ਼ੇਸ਼ ਧਿਆਨ ਦੇਣ ਲਈ ਟਰੱਸਟ ਦੀਆਂ ਜਿਲਾ ਇਕਾਈਆਂ ਨੂੰ ਕਿਹਾ ਗਿਆ ਹੈ।

ਇਸ ਦੌਰਾਨ ਮੌਜੂਦ ਸਿੱਖ ਪ੍ਰਚਾਰਕ ਭਾਈ ਸੁਖਦੇਵ ਸਿੰਘ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੋਢੀ ਡਾ.ਐੱਸ.ਪੀ. ਸਿੰਘ ਓਬਰਾਏ ਵੱਲੋਂ ਇਸ ਔਖੀ ਘੜੀ ਵੇਲੇ ਗੁਰੂ ਘਰ ਦੇ ਵਜ਼ੀਰਾਂ ਦੀ ਮਦਦ ਲਈ ਸਭ ਤੋਂ ਅੱਗੇ ਆਉਣ ਤੇ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਕਿ ਸਿੱਖ ਧਰਮ ਦੀ ਸਤਿਕਾਰਤ ਹਸਤੀ ਡਾ. ਓਬਰਾਏ ਵੱਲੋਂ ਪੂਰੀ ਦੁਨੀਆਂ ਅੰਦਰ ਲੋੜਵੰਦ ਲੋਕਾਂ ਲਈ ਕੀਤੇ ਜਾਂਦੇ ਉਪਕਾਰਾਂ ਦੀ ਬਦੌਲਤ ਸਿੱਖ ਕੌਮ ਦੇ ਨਾਲ-ਨਾਲ ਸਮੁੱਚੀ ਪੰਜਾਬੀਅਤ ਦਾ ਸਿਰ ਮਾਣ ਨਾਲ ਉੱਚਾ ਹੋਇਆ ਹੈ। ਉਨਾਂ ਡਾ.ਓਬਰਾਏ ਅਤੇ ਉਨਾਂ ਦੀ ਸਾਰੀ ਟੀਮ ਦੀ ਚੜਦੀ ਕਲਾ ਲਈ ਗੁਰੂ ਸਾਹਿਬ ਦੇ ਚਰਨਾਂ 'ਚ ਅਰਦਾਸ ਵੀ ਕੀਤੀ

ਜ਼ਿਕਰਯੋਗ ਹੈ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਸੁੱਕੇ ਰਾਸ਼ਨ ਦੀ ਦਿੱਤੀ ਜਾ ਰਹੀ ਇੱਕ ਕਿੱਟ ਅੰਦਰ ਕਰੀਬ 19 ਕਿੱਲੋ ਸੁੱਕਾ ਰਾਸ਼ਨ ਹੈ, ਜਿਸ ਨਾਲ ਇੱਕ ਦਰਮਿਆਨੇ ਪਰਿਵਾਰ ਦਾ ਇੱਕ ਮਹੀਨੇ ਲਈ ਵਧੀਆ ਗੁਜ਼ਾਰਾ ਚੱਲ ਸਕੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਸਟਰ ਗੁਰਬਿੰਦਰ ਸਿੰਘ ਵੀ ਮੌਜੂਦ ਸਨ।

ਕੈਪਸ਼ਨ : ਸਰਬੱਤ ਦਾ ਭਲਾ ਟਰੱਸਟ ਵੱਲੋਂ ਰਈਆ ਵਿਖੇ ਲੋੜਵੰਦ ਪ੍ਰਚਾਰਕਾਂ ਤੇ ਪਾਠੀ ਸਿੰਘਾਂ ਨੂੰ ਰਾਸ਼ਨ ਵੰਡਣ ਮੌਕੇ ਸੁਖਜਿੰਦਰ ਸਿੰਘ ਹੇਰ,ਸੁਖਦੀਪ ਸਿੱਧੂ,ਸ਼ਿਸ਼ਪਾਲ ਲਾਡੀ ਤੇ ਹੋਰ।

ਬਾਈਟ - 1 ਸੁਖਦੀਪ ਸਿੰਘ ਸਿੱਧੂ ਸਲਾਹਕਾਰ ਮਾਝਾ ਜ਼ੋਨ ਸਰਬੱਤ ਦਾ ਭਲਾ ਟਰੱਸਟ ।

ਬਾਈਟ - 2 ਭਾਈ ਸੁਖਦੇਵ ਸਿੰਘ ਸਿੱਖ ਪ੍ਰਚਾਰਕ।

=======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਪ੍ਰਵਾਸੀ ਕਾਮਿਆਂ ਨੂੰ ਲੈ ਕੇ ਅੰਮ੍ਰਿਤਸਰ ਤੋਂ ਪੰਜਵੀਂ ਰੇਲ ਗੱਡੀ ਆਜ਼ਮਗੜ ਲਈ ਰਵਾਨਾ

ਅੰਮ੍ਰਿਤਸਰ, 12 ਮਈ ( )-ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਕੋਵਿਡ ਸੰਕਟ ਦੇ ਚੱਲਦੇ ਉਨਾਂ ਪ੍ਰਵਾਸੀ ਮਜ਼ਦੂਰਾਂ ਨੂੰ ਉਨਾਂ ਦੇ ਸੂਬਿਆਂ 'ਚ ਭੇਜਣ ਦੀ ਪਹਿਲ ਕੀਤੀ ਗਈ ਹੈ, ਜੋ ਕਿ ਇਸ ਮੌਕੇ ਆਪਣੇ ਪਰਿਵਾਰ ਕੋਲ ਜਾਣਾ ਚਾਹੁੰਦੇ ਹਨ। ਇਸ ਕੋਸ਼ਿਸ਼ ਤਹਿਤ ਅੱਜ ਦੁਪਿਹਰ ਅੰਮ੍ਰਿਤਸਰ ਤੋਂ ਪੰਜਵੀਂ ਰੇਲ ਗੱਡੀ ਆਜ਼ਮਗੜ ਲਈ ਰਾਵਾਨਾ ਹੋ ਗਈ। ਇਸ ਰੇਲ ਗੱਡੀ ਵਿਚ 1200 ਮੁਸਾਫਿਰਾਂ ਨੂੰ ਉਨਾਂ ਦੇ ਘਰਾਂ ਲਈ ਭੇਜਿਆ ਗਿਆ। ਵਿਸ਼ੇਸ਼ ਗੱਲਇਹ ਹੈ ਕਿ ਲਾਕਡਾਊਨ ਮੌਕੇ ਪੰਜਾਬ ਵਿਚੋਂ ਚੱਲ ਰਹੀਆਂ ਸਾਰੀਆਂ ਵਿਸ਼ੇਸ਼ ਰੇਲ ਗੱਡੀਆਂ ਦਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਅਤੇ ਪ੍ਰਵਾਸੀਆਂ ਨੂੰ ਉਨਾਂ ਦੇ ਘਰਾਂ ਤੋਂ ਲੈ ਕੇ ਸਿਹਤ ਨਿਰੀਖਣ ਅਤੇ ਰੇਲ ਗੱਡੀ ਵਿਚ ਸਵਾਰ ਹੋਣ ਤੱਕ ਸਾਰਾ ਪ੍ਰਬੰਧ ਜ਼ਿਲਾ ਪ੍ਰਸ਼ਾਸ਼ਨ ਵੱਲੋਂ ਕੀਤਾ ਗਿਆ। ਘਰ ਜਾ ਰਹੇ ਪ੍ਰਵਾਸੀਆਂ ਨੇ ਵੀ ਇੰਨਾਂ ਯਤਨਾਂ ਲਈ ਮੁੱਖ ਮੰਤਰੀ ਪੰਜਾਬ ਅਤੇ ਜਿਲਾ ਪ੍ਰਸ਼ਾਸ਼ਨ ਦਾ ਧੰਨਵਾਦ ਕੀਤਾ, ਜਿੰਨਾ ਦੀ ਸਹਾਇਤਾ ਨਾਲ ਉਹ ਸੁਖੀ-ਸਾਂਦੀ ਆਪਣੇ ਘਰ ਪਰਤਣਗੇ।

ਸਟੇਸ਼ਨ ਉਤੇ ਐਸ ਡੀ ਐਮ ਸ੍ਰੀ ਵਿਕਾਸ ਹੀਰਾ ਪ੍ਰਵਾਸੀਆਂ ਨੂੰ ਤੋਰਨ ਅਤੇ ਪ੍ਰਬੰਧ ਕਰਵਾਉਣ ਲਈ ਪੁੱਜੇ ਹੋਏ ਸਨ। ਉਨਾਂ ਦੱਸਿਆ ਕਿ ਸਾਰੇ ਮੁਸਾਫਿਰਾਂ ਨੂੰ ਖਾਣਾ, ਪਾਣੀ, ਬੱਚਿਆਂ ਨੂੰ ਫਰੂਟੀ ਆਦਿ ਵੀ ਲੈ ਕੇ ਦਿੱਤੀਆਂ ਗਈਆਂ। ਉਨਾਂ ਦੱਸਿਆ ਕਿ ਅੱਜ ਖਾਣੇ ਦੇ ਪ੍ਰਬੰਧ ਵਿਚ ਸਮਾਜ ਭਲਾਈ ਸੰਸਥਾ ਜੈ ਹੋ ਨੇ ਵੱਡਾ ਯੋਗਦਾਨ ਪਾਇਆ। ਉਨਾਂ ਕਿਹਾ ਕਿ ਇਹ ਰੇਲ ਗੱਡੀਆਂ ਅਜੇ ਇਸੇ ਤਰਾਂ ਚੱਲਦੀਆਂ ਰਹਿਣਗੀਆਂ ਤੇ ਜਿੰਨਾ ਪ੍ਰਵਾਸੀਆਂ ਨੇ ਪੰਜਾਬ ਸਰਕਾਰ ਦੀ ਵੈਬ ਸਾਇਟ ਉਤੇ ਘਰ ਜਾਣ ਲਈ ਅਪਲਾਈ ਕੀਤਾ ਹੈ, ਉਨਾਂ ਨੂੰ ਉਨਾਂ ਦੇ ਫੋਨ ਉਤੇ ਸੰਦੇਸ਼ ਭੇਜ ਕੇ ਰੇਲ ਗੱਡੀ ਵਿਚ ਚੜਨ ਲਈ ਸੱਦਿਆ ਜਾ ਰਿਹਾ ਹੈ। ਇਸ ਤਰਾਂ ਕਿਧਰੇ ਭੀੜ ਨਹੀਂ ਪੈਂਦੀ ਅਤੇ ਹਰ ਕੋਈ ਆਪਣੀ ਵਾਰੀ ਨਾਲ ਆ ਕੇ ਰੇਲ ਗੱਡੀ ਵਿਚ ਸਵਾਰ ਹੋ ਰਿਹਾ ਹੈ। ਉਨਾਂ ਦੱਸਿਆ ਕਿ ਸਫਰ ਤੋਂ ਪਹਿਲਾਂ ਸਾਰੇ ਪ੍ਰਵਾਸੀਆਂ ਦੀ ਸਿਹਤ ਦਾ ਨਿਰੀਖਣ ਕੀਤਾ ਜਾ ਰਿਹਾ ਹੈ ਤਾਂ ਕਿ ਕਿਧਰੇ ਵੀ ਕੋਵਿਡ 19 ਤੋਂ ਪੀੜਤ ਨਾ ਹੋਵੇ, ਜਿਸ ਕਾਰਨ ਵਾਇਰਸ ਨੂੰ ਅੱਗੇ ਫੈਲਣ ਵਿਚ ਮਦਦ ਮਿਲੇ।

ਕੈਪਸ਼ਨ-ਆਜ਼ਮਗੜ ਨੂੰ ਜਾ ਰਹੀ ਰੇਲ ਗੱਡੀ ਵਿਚ ਸਵਾਰ ਹੋਣ ਲਈ ਜਾਂਦੇ ਮੁਸਾਫਿਰ।

==========

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਕੈਬਨਿਟ ਮੰਤਰੀ ਸੋਨੀ ਨੇ ਅੰਤਰਰਾਸ਼ਟਰੀ ਨਰਸ ਦਿਵਸ ਮੌਕੇ ਫਰੰਟ ਲਾਈਟ ਤੇ ਕੰਮ ਕਰ ਰਹੀਆਂ ਨਰਸਾਂ ਨੂੰ ਕੀਤਾ ਸਨਮਾਨਤ

ਵਾਇਸ ਆਫ ਅੰਮ੍ਰਿਤਸਰ ਸੰਸਥਾ ਨੇ ਕਰੋਨਾ ਮਰੀਜਾਂ ਲਈ ਭੇਂਟ ਕੀਤੀ ਰਾਹਤ ਸਮੱਗਰੀ

ਅੰਮ੍ਰਿਤਸਰ, 12 ਮਈ:

ਅੱਜ ਅੰਤਰਰਾਸ਼ਟਰੀ ਨਰਸ ਦਿਵਸ ਮੌਕੇ ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਵੱਲੋਂ ਸਥਾਨਕ ਸਰਕਟ ਹਾਊਸ ਵਿਖੇ ਫਰੰਟ ਲਾਈਨ ਤੇ ਕੰਮ ਕਰ ਰਹੀਆਂ ਨਰਸਾਂ ਨੂੰ ਸਨਮਾਨਤ ਕੀਤਾ। ਉਨਾਂ ਕਿਹਾ ਕਿ ਇਨਾਂ ਨਰਸਾਂ ਵੱਲੋਂ ਇਸ ਭਿਆਨਕ ਮਹਾਂਮਾਰੀ ਦੌਰਾਨ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਆਪਣੀ ਡਿਊਟੀ ਨੂੰ ਬਾਖੂਬੀ ਨਿਭਾਇਆ ਜਾ ਰਿਹਾ ਹੈ।

ਸ੍ਰੀ ਸੋਨੀ ਨੇ ਕਿਹਾ ਕਿ ਅੱਜ ਵਾਇਸ ਆਫ ਅੰਮ੍ਰਿਤਸਰ ਸੰਸਥਾ ਵੱਲੋਂ ਕਰੋਨਾ ਮਰੀਜਾਂ ਲਈ 1000 ਪਾਣੀ ਦੀਆਂ ਬੋਤਲਾਂ, 350 ਜੂਸ, 720 ਨਮਕੀਨ ਪੈਕੇਟ, 500 ਡਿਸਪੋਜਏਬਲ ਬੈਡ ਸ਼ੀਟਾਂ, 250 ਸਾਬਣ, ਤੇਲ, ਚੀਨੀ ਅਤੇ ਹੋਰ ਰਾਹਤ ਸਮੱਗਰੀ ਦਿੱਤੀ ਗਈ ਹੈ। ਉਨਾਂ ਨੇ ਵਾਇਸ ਆਫ ਅੰਮ੍ਰਿਤਸਰ ਸੰਸਥਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਥੇ ਸਰਕਾਰਾਂ ਕਰੋਨਾ ਮਹਾਂਮਾਰੀ ਨਾਲ ਨਿਪਟਣ ਲਈ ਜੰਗੀ ਪੱਧਰ ਤੇ ਕੰਮ ਕਰ ਰਹੀਆਂ ਉਥੇ ਦਾਨੀ ਸੱਜਣਾਂ ਅਤੇ ਸਵੈ ਸੇਵੀ ਸੰਸਥਾਵਾਂ ਵੱਲੋਂ ਵੀ ਆਪਣਾ ਯੋਗਦਾਨ ਪਾਇਆ ਜਾ ਰਿਹਾ ਹੈ ਜੋ ਕਿ ਬਹੁਤ ਹੀ ਸ਼ਲਾਘਾਯੋਗ ਹੈ। ਇਸ ਮੌਕੇ ਸ੍ਰੀ ਸੋਨੀ ਵੱਲੋਂ ਗੁਰੂ ਨਾਨਕ ਹਸਪਤਾਲ ਦੀਆਂ ਨਰਸਾਂ ਨੂੰ ਫੁੱਲਾਂ ਦੇ ਗੁਲਦਸਤੇ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ।

ਸ੍ਰੀ ਸੋਨੀ ਨੇ ਦੱਸਿਆ ਕਿ ਨਾਂਦੇੜ ਤੋਂ ਆਏ ਸ਼ਰਧਾਲੂ ਜੋ ਕਿ ਕਰੋਨਾ ਪਾਜਟਿਵ ਪਾÂੈ ਗਏ ਸਨ ਦਾ ਇਲਾਜ ਕੀਤਾ ਜਾ ਰਿਹਾ ਹੈ ਅਤੇ ਅੱਜ 25 ਦੇ ਕਰੀਬ ਸ਼ਰਧਾਲੂਆਂ ਦੇ ਟੈਸਟ ਨੈਗੇਟਿਵ ਆਏ ਹਨ ਨੂੰ ਹਸਪਤਾਲ ਤੋਂ ਡਿਸਚਾਰਜ ਕੀਤਾ ਜਾ ਰਿਹਾ ਹੈ। ਉਨਾਂ ਦੱਸਿਆ ਕਿ ਇਨਾਂ ਸ਼ਰਧਾਲੂਆਂ ਦੇ ਲਗਾਤਾਰ ਟੈਸਟ ਕੀਤੇ ਜਾ ਰਹੇ ਹਨ ਅਤੇ ਨੈਗੇਟਿਵ ਆਉਣ ਵਾਲੇ ਸ਼ਰਧਾਲੂਆਂ ਨੂੰ ਉਨਾਂ ਦੇ ਘਰ ਭੇਜਿਆ ਜਾ ਰਿਹਾ ਹੈ। ਸ੍ਰੀ ਸੋਨੀ ਨੇ ਦੱਸਿਆ ਕਿ ਜਿੰਨਾਂ ਸ਼ਰਧਾਲੂਆਂ ਨੂੰ ਹਸਪਤਾਲ ਤੋਂ ਡਿਸਚਾਰਜ ਕੀਤਾ ਗਿਆ ਹੈ ਉਹ ਆਪੋ ਆਪਣੇ ਘਰ ਵਿੱਚ ਵੀ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਗਾਈਡ ਲਾਈਨਾਂ ਅਨੁਸਾਰ ਏਕਾਂਤਵਾਸ ਵਿੱਚ ਰਹਿਣਗੇ। ਸ੍ਰੀ ਸੋਨੀ ਨੇ ਦੱਸਿਆ ਕਿ ਸਰਕਾਰ ਵੱਲੋਂ ਕਰੋਨਾ ਮਹਾਂਮਾਰੀ ਨਾਲ ਨਿਪਟਣ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸੇ ਤਰਾਂ ਦੀ ਕੋਈ ਵੀ ਕਮੀ ਪੇਸ਼ੀ ਨਹੀਂ ਰਹਿਣ ਦਿੱਤੀ ਜਾਵੇਗੀ।

ਇਸ ਮੌਕੇ ਸ੍ਰੀ ਸ਼ਿਵਰਾਜ ਸਿੰਘ ਬੱਲ ਐਸ:ਡੀ:ਐਮ ਅੰਮ੍ਰਿਤਸਰ, ਡਾ: ਸੁਜਾਤਾ ਸ਼ਰਮਾ ਪ੍ਰਿੰਸੀਪਲ ਮੈਡੀਕਲ ਕਾਲਜ, ਡਾ: ਰਮਨ ਸ਼ਰਮਾ, ਡਾ: ਰਾਕੇਸ਼ ਸ਼ਰਮਾ, ਮੈਡਮ ਸੀਨੂੰ ਅਰੋੜਾ ਪ੍ਰਧਾਨ ਵਾਇਸ ਆਫ ਅੰਮ੍ਰਿਤਸਰ, ਰਾਖੀ ਵਰਮਾਨੀ, ਡਾ: ਨਰਿੰਦਰ ਸਿੰਘ, ਸ੍ਰੀ ਵਿਕਾਸ ਸੋਨੀ ਕੌਂਸਲਰ ਤੋਂ ਇਲਾਵਾ ਵੱਡੀ ਵਿੱਚ ਪ੍ਰਮੁੱਖ ਸਖਸ਼ੀਅਤਾਂ ਹਾਜਰ ਸਨ।

ਕੈਪਸ਼ਨ ------- ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਅੰਤਰਰਾਸ਼ਟਰੀ ਨਰਸ ਦਿਵਸ ਮੌਕੇ ਫਰੰਟ ਲਾਈਨ ਤੇ ਕੰਮ ਕਰ ਰਹੀਆਂ ਨਰਸਾਂ ਨੂੰ ਸਨਮਾਨਤ ਕਰਦੇ ਹੋਏ।

ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਵਾਇਸ ਆਫ਼ ਅੰਮ੍ਰਿਤਸਰ ਸੰਸਥਾ ਵਲੋਂ ਦਿੱਤੀ ਗਈ ਰਾਹਤ ਸਮੱਗਰੀ ਨੂੰ ਪ੍ਰਿੰਸੀਪਲ ਮੈਡੀਕਲ ਕਾਲਜ ਨੂੰ ਦਿੰਦੇ ਹੋਏ।
===============

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਪ੍ਰਵਾਸੀ ਕਾਮਿਆਂ ਨੂੰ ਲੈ ਕੇ ਪਠਾਨਕੋਟ ਤੋਂ ਵਾਇਆ ਅੰਮ੍ਰਿਤਸਰ ਰੇਲ ਗੱਡੀ ਜੰਜਗੀਰ ਚੰਪਾ ਲਈ ਰਵਾਨਾ

ਅੰਮ੍ਰਿਤਸਰ, 12 ਮਈ ( )-ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪ੍ਰਵਾਸੀ ਮਜ਼ਦੂਰਾਂ ਨੂੰ ਉਨਾਂ ਦੇ ਸੂਬਿਆਂ 'ਚ ਭੇਜਣ ਦੀ ਕੀਤੀ ਪਹਿਲ ਤਹਿਤ ਅੱਜ ਸ਼ਾਮ ਅੰਮ੍ਰਿਤਸਰ ਤੋਂ ਛੇਵੀਂ ਰੇਲ ਗੱਡੀ ਜੰਜਗੀਰ ਚੰਪਾ (ਛੱਤੀਸਗੜ) ਲਈ ਰਾਵਾਨਾ ਹੋ ਗਈ। ਇਹ ਰੇਲ ਗੱਡੀ ਪਠਾਨਕੋਟ ਤੋਂ ਚੱਲੀ, ਜਿਸ ਵਿਚ ਕੁੱਲ 1110 ਮੁਸਾਫਿਰ ਸਵਾਰ ਸਨ, ਜਿੰਨਾ ਵਿਚੋਂ ਬਾਕੀ ਮੁਸਾਫਿਰ ਪਿਛੋਂ ਆਏ, ਪਰ 230 ਮੁਸਾਫਿਰ ਅੰਮ੍ਰਿਤਸਰ ਤੋਂ ਸਵਾਰ ਹੋਏ। ਇਥੋਂ ਚੜੇ ਸਾਰੇ ਪ੍ਰਵਾਸੀਆਂ ਦਾ ਡਾਕਟਰੀ ਮੁਆਇਨਾ ਕਰਵਾ ਕੇ ਅਤੇ ਰੋਟੀ-ਪਾਣੀ ਦੇ ਪੈਕ ਨਾਲ ਦੇ ਕੇ ਰੇਲ ਗੱਡੀ ਵਿਚ ਚੜਾਇਆ ਗਿਆ। ਡਾਕਟਰੀ ਨਿਰੀਖਣ, ਟਿਕਟਾਂ ਦੀ ਵੰਡ, ਖਾਣਾ ਮੁਹੱਇਆ ਕਰਵਾਉਣ ਅਤੇ ਰੇਲ ਗੱਡੀ ਵਿਚ ਚੜਾਉਣ ਤੱਕ ਕਿਧਰੇ ਵੀ ਮਜ਼ਦੂਰਾਂ ਦੀ ਭੀੜ ਵਿਖਾਈ ਨਹੀਂ ਦਿੱਤੀ ਅਤੇ ਨਾ ਹੀ ਕਿਸੇ ਪ੍ਰਵਾਸੀ ਨੂੰ ਇਸ ਲਈ ਕੋਈ ਪੈਸਾ ਖਰਚ ਕਰਨਾ ਪਿਆ। ਸਟੇਸ਼ਨ ਉਤੇ ਐਸ ਡੀ ਐਮ ਸ੍ਰੀ ਵਿਕਾਸ ਹੀਰਾ ਅਤੇ ਨਾਇਬ ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ ਮੁਸਾਫਿਰਾਂ ਨੂੰ ਤੋਰਨ ਲਈ ਸਟੇਸ਼ਨ ਉਤੇ ਪਹੁੰਚੇ।

ਰੇਲਵੇ ਯਾਤਰਾ ਲਈ ਨਿਯੁੱਕਤ ਕੀਤੇ ਗਏ ਨੋਡਲ ਅਧਿਕਾਰੀ ਸ੍ਰੀ ਰਜਤ ਉਬਰਾਏ ਵੱਲੋਂ ਵੱਖ-ਵੱਖ ਥਾਵਾਂ ਉਤੇ ਪ੍ਰਵਾਸੀਆਂ ਦਾ ਡਾਕਟਰੀ ਮੁਆਇਨਾ ਕਰਵਾਉਣ ਦਾ ਪ੍ਰਬੰਧ ਕੀਤਾ ਗਿਆ, ਜਿਥੋਂ ਉਨਾਂ ਨੂੰ ਬੱਸਾਂ ਵਿਚ ਬਿਠਾ ਕੇ ਸਟੇਸ਼ਨ ਉਤੇ ਛੱਡਿਆ ਗਿਆ।

ਰੇਲ ਗੱਡੀ ਵਿਚ ਪਹਿਲਾਂ ਤੋਂ ਉਲੀਕੇ ਪ੍ਰੋਗਰਾਮ ਅਨੁਸਾਰ ਪ੍ਰਵਾਸੀਆਂ ਦੀਆਂ ਸੂਚੀਆਂ ਬਣਾ ਕੇ ਉਨਾਂ ਨੂੰ ਘਰਾਂ ਤੋਂ ਲਿਆ ਕੇ ਡਾਕਟਰੀ ਮੁਆਇਨਾ ਕਰਵਾ ਕੇ ਰੇਲ ਗੱਡੀ ਵਿਚ ਚੜਾਉਣ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਸੀ, ਜਿਸ ਸਦਕਾ ਇਹ ਸਾਰਾ ਪ੍ਰੋਗਰਾਮ ਬੜੇ ਵਧੀਆ ਢੰਗ ਨਾਲ ਨੇਪਰੇ ਚੜਿਆ।

ਕੈਪਸ਼ਨ : ਪ੍ਰਵਾਸੀ ਕਾਮਿਆਂ ਨੂੰ ਪਠਾਨਕੋਟ ਤੋਂ ਵਾਇਆ ਅੰਮ੍ਰਿਤਸਰ ਰੇਲ ਗੱਡੀ ਜੰਜਗੀਰ ਲਈ ਰਵਾਨਾ ਕਰਦੇ ਹੋਏ (ਵੱਖ ਵੱਖ ਦ੍ਰਿਸ਼) ਐਸ ਡੀ ਐਮ ਸ੍ਰੀ ਵਿਕਾਸ ਹੀਰਾ ਅਤੇ ਨਾਇਬ ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ

= = = = = = = =